# Campus Placement Drive held on May 8, 2023

A campus placement drive was organized by Training and Placement Cell in association with Post Graduate Department of Computer Science of Sri Guru Teg Bahadur Khalsa College, Sri Anandpur Sahib on May 8, 2023. The students of the final semester classes participated in it: BCA, B.Sc. (Hons') (AI & DS), M.Sc. (AI & DS), B. Voc. (SD), PGDCA, M. Sc. (IT). The drive was co-ordinated by Dr. Surender Kumar, HOD (Computer Science). Four companies visited the campus: Red Sky Advance Solutions Pvt. Ltd., IT Tech Global, Hyper Drive Solutions Inc, Infotechmon Pvt. Ltd. More than 120 students participated in this placement drive enthusiastically, out of them, 30 students were shortlisted for the next phase.

## ਖਾਲਸਾ ਕਾਲਜ ਵਿਖੇ ਕਰਵਾਈ 'ਕੈਂਪਸ ਪਲੇਸਮੈਂਟ ਡਰਾਈਵ', ਕੰਪਨੀਆਂ ਵੱਲੋਂ ਕਾਲਜ ਦੇ 30 ਵਿਦਿਆਰਥੀਆਂ ਦੀ ਚੋਣ

ਪੰਜਾਬ ਟਾਇਮਜ਼ ਵਿਸ਼ੇਸ਼

ਸ੍ਰੀ ਅਨੰਦਪੁਰ ਸਾਹਿਬ, 8 ਮਈ (ਦਵਿੰਦਰਪਾਲ ਸਿੰਘ)-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀ ਇਲਾਕੇ ਦੀ ਨਾਮਵਰ ਯੂਨਿਪਰਸਿਆਰ ਸੰਸਥਾ ਸ੍ਰੀ ਗੁਰੂ ਤੇਗ ਬਹਾਦਰ ਖਾਲਸਾ ਕਾਲਜ, ਸ੍ਰੀ ਅਨੰਦਪੁਰ ਸਾਹਿਬ ਦੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਵੱਲੋਂ ਕੰਪਿਊਟਰ ਸਾਇੰਸ ਵਿਭਾਗ ਦੇ ਸਹਿਯੋਗ ਨਾਲ ਕੈਂਪਸ ਪਲੇਸਮੈਂਟ ਡਰਾਈਵ ਕਰਵਾਈ ਗਈ ਜਿਸ ਵਿੱਚ ਕਾਲਜ ਦੇ ਫ਼ਾਈਨਲ ਕਲਾਸਾਂ ਦੇ ਤਕਰੀਬਨ 120 ਵਿਦਿਆਰਥੀਆਂ ਨੇ ਭਾਗ ਲਿਆ। ਇਹ ਪਲੇਸਮੈਂਟ ਡਰਾਈਵ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾ ਅਨੁਸਾਰ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੇ ਡੀਨ ਪ੍ਰੋ.ਪ੍ਰਭਜੀਤ ਸਿੰਘ ਦੀ ਯੋਗ ਅਗਵਾਈ ਅਧੀਨ ਕੰਪਿਊਟਰ ਸਾਇੰਸ ਵਿਭਾਗ ਦੇ ਸਹਿਯੋਗ ਨਾਲ ਕਰਵਾਈ ਗਈ ਜਿਸ ਵਿੱਚ ਰੌਡ ਸਕਾਈ ਐਡਵਾਂਸ ਸਲਿਊਸ਼ਨ ਪ੍ਰਾਈਵੇਟ ਲਿਮੀਟਡ ਕੰਪਨੀ ਮੁਹਾਲੀ ਵੱਲੋਂ ਵਿਦਿਆਰਥੀਆਂ ਦਾ ਲਿਖਤੀ ਟੈਸਟ ਲਿਆ ਗਿਆ ਜਦ ਕਿ ਆਈ.ਟੀ ਟੈਕ ਗਲੋਬਲ (ਚੰਡੀਗੜ੍ਹ), ਹਾਈਪਰ ਡਰਾਈਵ ਸਲਿਊਸ਼ਨ (ਬੰਗਲੌਰ), ਆਈ.ਟੀ.ਐਮ ਪ੍ਰਾਈਵੇਟ ਲਿਮੀਟਡ ਕੰਪਨੀ (ਮੁਹਾਲੀ) ਵੱਲੋਂ ਵਿਦਿਆਰਥੀਆਂ ਦੀਆਂ ਸਿੱਧੀਆਂ ਇੰਟਰਵਿਊਜ਼ ਲਈਆਂ ਗਈਆਂ।ਇਸ ਸੰਬੰਧੀ ਕਾਲਜ ਪ੍ਰਿੰਸੀਪਲ ਡਾ.ਜਸਵੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਾਲਜ ਦੇ ਫ਼ਾਈਨਲ ਕਲਾਸਾਂ ਦੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਹੀ ਰੋਜ਼ਗਾਰ ਪ੍ਰਦਾਨ ਕਰਨ ਦੇ ਮੰਤਵ ਨਾਲ ਇਹ ਪਲੇਸਮੈਂਟ ਡਰਾਈਵ ਕਰਵਾਈ ਗਈ ਹੈ ਤਾਂ ਜੋ ਭਵਿੱਖ ਵਿੱਚ ਉਹਨਾਂ ਨੂੰ ਖੱਜਲ ਨਾਂ ਹੋਣਾ ਪਵੇ ਕਿਉਂਕਿ ਕਾਲਜ ਕੈਂਪਸ ਵਿਖੇ ਕਰਵਾਈਆਂ ਗਈਆਂ ਪਲੇਸਮੈਂਟਸ ਨਾਲ ਜਿੱਥੇ ਇੱਕ ਪਾਸੇ ਵਿਦਿਆਰਥੀਆਂ ਦਾ ਸਮਾਂ ਬਚਦਾ ਹੈ ਉੱਥੇ ਹੀ ਉਨ੍ਹਾਂ ਵਿੱਚ ਰੋਜ਼ਗਾਰ ਪ੍ਰਾਪਤ ਕਰਨ ਦਾ ਹੁਨਰ ਵਿਕਸਤ ਹੁੰਦਾ ਹੈ ਅਤੇ ਭਵਿੱਖ ਵਿੱਚ ਉਹ ਕਿਸੇ ਵੀ ਚੁਣੌਤੀ ਦਾ ਸਾਹਮਣਾ ਕਰਨ ਦੇ ਕਾਬਿਲ ਬਣਦੇ ਹਨ।ਵਰਨਣਯੋਗ ਹੈ ਕਿ ਇਸ ਪਲੇਸਮੈਂਟ ਡਰਾਈਵ ਵਿੱਚ ਤਕਰੀਬਨ 30 ਵਿਦਿਆਰਥੀਆਂ ਦੀ ਵੱਖ-ਵੱਖ ਕੰਪਨੀਆਂ ਲਈ ਚੋਣ ਕੀਤੀ ਗਈ ਜਿਸ ਦੌਰਾਨ ਪ੍ਰੋ.ਪ੍ਰਭਜੀਤ ਸਿੰਘ (ਡੀਨ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ) ਨੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਭਵਿੱਖ ਵਿੱਚ ਹੋਰ ਵੱਡੀਆਂ ਪੁਲਾਂਘਾ ਪੁੱਟਣ ਲਈ ਪ੍ਰੇਰਿਆ ਅਤੇ ਕੰਪਿਊਟਰ ਸਾਇੰਸ ਵਿਭਾਗ ਦੇ ਮੁਖੀ ਡਾ.ਸੁਰੇਂਦਰ ਸ਼ਰਮਾਂ ਨੇ ਕਾਲਜ ਪ੍ਰਿੰਸੀਪਲ ਸਾਹਿਬ ਦੁਆਰਾ ਹਮੇਸ਼ਾ ਮਿਲਣ ਵਾਲੇ ਸਹਿਯੋਗ ਦੀ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ।ਇਸ ਦੌਰਾਨ ਹੋਰਨਾਂ ਤੋਂ ਇਲਾਵਾ ਸਮੂਹ ਕੰਪਿਊਟਰ ਸਾਇੰਸ ਵਿਭਾਗ ਅਤੇ ਟ੍ਰੇਨਿੰਗ ਐਂਡ ਪਲੇਸਮੈਂਟ ਸੈੱਲ ਦੀ ਟੀਮ ਨੇ ਇਸ ਪਲੇਸਮੈਂਟ ਡਰਾਈਵ ਨੂੰ ਨੇਪਰੇ ਚਾੜ੍ਹਨ ਲਈ ਆਪਣਾ ਭਰਪੂਰ ਸਹਿਯੋਗ ਦਿੱਤਾ।